# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 25-02-2025**

- ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਦੇਸ਼ ਵਿੱਚ ਬਿਹਤਰ ਮੈਡੀਕਲ ਸਹੂਲਤਾਂ ਦੇ ਵਿਕੇਂਦਰੀਕਰਣ ਅਤੇ ਸਿਹਤ ਸੰਸਥਾਵਾਂ ਵਿੱਚ ਹੋਰ ਖੋਜ ਕਰਨ ਦਾ ਸੱਦਾ ਦਿੱਤਾ ਏ।
- ਦਿੱਲੀ ਦੀ ਇਕ ਅਦਾਲਤ ਨੇ ਸਾਲ 1984 ਦੇ ਸਿੱਖ ਵਿਰੋਧੀ ਦੰਗਿਆਂ ਨਾਲ ਸਬੰਧਤ ਕਤਲ ਮਾਮਲੇ ਵਿੱਚ ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਏ।
- ਪੰਜਾਬ ਵਿਧਾਨ ਸਭਾ ਦਾ ਦੋ ਦਿਨਾਂ ਵਿਸ਼ੇਸ਼ ਇਜਲਾਸ ਨੂੰ ਅਣਮਿਥੇ ਸਮੇਂ ਲਈ ਉਠਾ ਦਿੱਤਾ ਗਿਆ।
- ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ ਕਾਰਵਾਈ- ਮੁੱਖ ਸਕੱਤਰ ਕੇ. ਏ. ਪੀ. ਸਿਨਹਾ ਨੇ ਡਿਪਟੀ ਕਮਿਸ਼ਨਰਾਂ ਨੂੰ ਆਪੋ-ਆਪਣੇ

ਅਧਿਕਾਰ ਖੇਤਰਾਂ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਜਾਰੀ ਕੀਤੇ ਸਖ਼ਤ ਨਿਰਦੇਸ਼।

- ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ 1274 ਇਮੀਗ੍ਰੇਸ਼ਨ ਫਰਮਾਂ 'ਤੇ ਛਾਪੇਮਾਰੀ ਕੀਤੀ- 24 ਮਾਮਲੇ ਦਰਜ ਕਰਦਿਆਂ 7 ਟਰੈਵਲ ਏਜੰਟਾਂ ਨੂੰ ਕੀਤਾ ਗ੍ਰਿਫ਼ਤਾਰ।

---

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਅੱਜ ਦੇਸ਼ ਵਿੱਚ ਬਿਹਤਰ ਮੈਡੀਕਲ ਸਹੂਲਤਾਂ ਦੇ ਵਿਕੇਂਦਰੀਕਰਣ ਅਤੇ ਸਿਹਤ ਸੰਸਥਾਵਾਂ ਵਿੱਚ ਹੋਰ ਖੋਜ ਕਰਨ ਦਾ ਸੱਦਾ ਦਿੱਤਾ ਏ । ਰਾਸ਼ਟਰਪਤੀ ਪਟਨਾ ਵਿਚ ਮੈਡੀਕਲ ਕਾਲਜ ਅਤੇ ਹਸਪਤਾਲ- ਦੇ ਸ਼ਤਾਬਦੀ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਰਾਸ਼ਟਰਪਤੀ ਨੇ ਕਿਹਾ ਕਿ ਜੇ ਛੋਟੇ ਸ਼ਹਿਰਾਂ ਵਿੱਚ ਮੈਡੀਕਲ ਸੁਵਿਧਾਵਾਂ ਉਪਲਬਧ ਹੋਣਗੀਆਂ ਤਾਂ ਵੱਡੀਆਂ ਸੰਸਥਾਵਾਂ ਉੱਤੇ ਦਬਾਅ ਘੱਟ ਹੋਵੇਗਾ । ਆਰਟੀਫਿਸ਼ਲ ਇੰਟੈਲੀਜੈਂਸ ਅਤੇ ਰੋਬੋਟਿਕਸ ਦੀ ਮਿਸਾਲ ਦਿੰਦਿਆਂ ਉਨ੍ਹਾਂ ਕਿਹਾ ਕਿ ਤਕਨੋਲੋਜੀ ਦੀ ਵਰਤੋਂ ਨਾਲ ਇਲਾਜ ਵਿੱਚ ਕੁਸ਼ਲਤਾ ਅਤੇ ਸ਼ੁੱਧਤਾ ਵਿੱਚ ਵਾਧਾ ਹੋਵੇਗਾ। ਰਾਸ਼ਟਰਪਤੀ ਨੇ

ਖੁਸ਼ੀ ਪ੍ਰਗਟਾਈ ਕਿ ਪਟਨਾ ਮੈਡੀਕਲ ਕਾਲਜ ਅਤੇ ਹਸਪਤਾਲ 5,400 ਤੋਂ ਵੱਧ ਬਿਸਤਰਿਆਂ ਦੇ ਨਾਲ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਹਸਪਤਾਲ ਬਣ ਰਿਹਾ ਏ। ਉਨ੍ਹਾਂ ਨੇ ਮੈਡੀਕਲ ਭਾਈਚਾਰੇ ਨੂੰ ਗ਼ਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਕਰਨ ਦੀ ਦਿਸ਼ਾ ਵਿੱਚ ਕੰਮ ਕਰਨ ਦੀ ਅਪੀਲ ਕੀਤੀ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗੁਹਾਟੀ ਵਿੱਚ ਅਸਾਮ ਐਡਵਾਂਟੇਜ ਪੂੰਜੀਕਾਰੀ ਅਤੇ ਬੁਨਿਆਦੀ ਢਾਂਚਾ ਸਿਖਰ ਸੰਮੇਲਨ ਦਾ ਉਦਘਾਟਨ ਕੀਤਾ। ਸੰਮੇਲਨ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਵਿਸ਼ਵ-ਵਿਆਪੀ ਅਨਿਸ਼ਚਿਤਤਾ ਦੇ ਬਾਵਜੂਦ, ਬਹੁਤ ਸਾਰੇ ਆਲਮੀ ਮਾਹਰ ਭਾਰਤ ਦੇ ਤੇਜ਼ ਵਿਕਾਸ ਬਾਰੇ ਭਰੋਸਾ ਰੱਖਦੇ ਨੇ। ਗੁਹਾਟੀ ਵਿੱਚ ਪੂੰਜੀਕਾਰੀ ਅਤੇ ਬੁਨਿਆਦੀ ਢਾਂਚਾ ਸਿਖਰ ਸੰਮੇਲਨ ਦਾ ਉਦਘਾਟਨ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਦਾ ਭਾਰਤ ਇੱਕ ਤੋਂ ਬਾਅਦ ਇੱਕ ਅਹਿਮ ਕਦਮ ਚੁੱਕ ਰਿਹਾ ਏ ਅਤੇ ਆਉਣ ਵਾਲੇ 25 ਸਾਲਾਂ ਲਈ 21ਵੀਂ ਸਦੀ ਦੇ ਲੰਬੇ ਸਮੇਂ ਦੇ ਦ੍ਰਿਸ਼ਟੀਕੋਣ ਨੂੰ

ਧਿਆਨ ਵਿੱਚ ਰੱਖਦੇ ਹੋਏ, ਵੱਡੇ ਪੱਧਰ' ਤੇ ਕੰਮ ਕਰ ਰਿਹਾ ਏ । ਉਨ੍ਹਾਂ ਕਿਹਾ ਕਿ ਦੁਨੀਆ ਹੁਣ ਭਾਰਤ ਦੀ ਸ਼ਾਸਨ ਪ੍ਰਣਾਲੀ 'ਤੇ ਭਰੋਸਾ ਕਰਦੀ ਏ ਜਿਸ ਵਿੱਚ ਨਿਰੰਤਰ ਸੁਧਾਰ ਹੋ ਰਿਹਾ ਏ , ਇਸ ਦੀ ਨੌਜਵਾਨ ਆਬਾਦੀ ਬਹੁਤ ਤੇਜ਼ੀ ਨਾਲ ਹੁਨਰਮੰਦ ਹੋ ਰਹੀ ਏ ਅਤੇ ਇਸ ਦਾ ਨਵਾਂ ਮੱਧ ਵਰਗ ਨਵੀਆਂ ਇੱਛਾਵਾਂ ਨਾਲ ਅੱਗੇ ਵਧ ਰਿਹਾ ਏ ।

----------------------------------------------------

ਦਿੱਲੀ ਦੀ ਇਕ ਅਦਾਲਤ ਨੇ ਅੱਜ ਸਾਲ 1984 ਦੇ ਸਿੱਖ ਵਿਰੋਧੀ ਦੰਗਿਆਂ ਨਾਲ ਸਬੰਧਤ ਕਤਲ ਮਾਮਲੇ ਵਿੱਚ ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਏ । ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਨੇ ਪਹਿਲੀ ਨਵੰਬਰ 1984 ਨੂੰ ਜਸਵੰਤ ਸਿੰਘ ਅਤੇ ਉਸ ਦੇ ਪੁੱਤਰ ਤਰੁਣਦੀਪ ਸਿੰਘ ਦੇ ਕਤਲ ਮਾਮਲੇ ਵਿੱਚ ਫੈਸਲਾ ਸੁਣਾਇਆ ਸੀ। ਇਸਤਗਾਸਾ ਪੱਖ ਅਤੇ ਪੀੜਤ ਪਰਿਵਾਰ ਨੇ ਵੱਧ ਤੋਂ ਵੱਧ ਸਜ਼ਾ ਦੀ ਮੰਗ ਕੀਤੀ ਸੀ। ਸੱਜਣ ਕੁਮਾਰ ਪਹਿਲਾਂ ਹੀ ਦੰਗਿਆਂ ਨਾਲ ਸਬੰਧਤ ਇੱਕ ਹੋਰ ਕਤਲ ਮਾਮਲੇ ਵਿੱਚ ਉਮਰ ਕੈਦ ਦੀ

ਸਜ਼ਾ ਕੱਟ ਰਹੇ ਨੇ ਤੇ ਉਨ੍ਹਾਂ ਦੀ ਅਪੀਲ ਸਰਵਉੱਚ ਅਦਾਲਤ ਵਿੱਚ ਬਕਾਇਆ ਏ।

---------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਿੱਲੀ ਅਦਾਲਤ ਦੇਵ ਇਸ ਫੈਸਲੇ ਦਾ ਸਵਾਗਤ ਕੀਤਾ ਏ।

--------------------------------------------------------

-ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਦੋ ਦਿਨਾਂ ਇਜਲਾਸ ਦੇ ਅੱਜ ਦੂਜੇ ਅਤੇ ਆਖਰੀ ਦਿਨ ਪ੍ਰਸ਼ਨ ਕਾਲ ਦੌਰਾਨ ਮੁਹਾਲੀ ਦੀ ਮੋਟਰ ਮਾਰਕੀਟ ਵਿੱਚ ਬੂਥ ਅਤੇ ਦੁਕਾਨਾਂ ਜਲਦ ਅਲਾਟ ਕਰਨ ਬਾਰੇ ਪੁਛੇ ਗਏ ਸਵਾਲ ਦੇ ਜਵਾਬ ਵਿਚ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕੇ, ਇਸ ਪ੍ਰਾਜੈਕਟ ਨੂੰ ਰੀਅਲ ਅਸਟੇਟ ਰੈਗੂਲੇਟਰੀ ਅਥਾਰਟੀ ਰੇਰਾ ਤੋਂ ਰਜਿਸਟਰਡ ਕਰਵਾਉਣ ਲਈ ਗਮਾਡਾ ਵੱਲੋਂ ਜਨਵਰੀ 2025 ਵਿੱਚ ਅਪਲਾਈ ਕੀਤਾ ਹੋਇਆ ਏ ਅਤੇ ਰੇਰਾ ਦੀ ਰਜਿਸਟ੍ਰੇਸ਼ਨ ਹੋਣ ਉਪਰੰਤ ਇਨ੍ਹਾਂ ਬੂਥਾਂ ਤੇ ਦੁਕਾਨਾਂ ਦੇ ਅਲਾਟਮੈਂਟ ਪੱਤਰ ਜਾਰੀ ਕਰ ਦਿੱਤੇ ਜਾਣਗੇ। BJP ਵਿਧਾਇਕ ਜੰਗੀ ਲਾਲ

ਮਹਾਜਨ ਵਲੋਂ ਪੁੱਛੇ ਗਏ ਇਕ ਸਵਾਲ ਕੇ ਰਾਜ ਦੇ ਬਲਾਕ ਸੰਮਤੀਆਂ ਦੇ ਦਫ਼ਤਰਾਂ ਵਿੱਚ ਤੈਨਾਤ ਅਮਲੇ ਦੀ ਸਰਕਾਰ ਵੱਲੋਂ ਕਦੇ ਬਦਲੀ ਨਹੀਂ ਕੀਤੀ ਜਾਂਦੀ, ਜਿਸ ਕਾਰਨ ਇੱਥੇ ਰਿਸ਼ਵਤਖੋਰੀ ਨੂੰ ਉਤਸ਼ਾਹ ਮਿਲਦਾ ਏ, ਦੇ ਜਵਾਬ ਵਿੱਚ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਜਿਹੜੇ ਵੀ ਮੁਲਾਜ਼ਮ ਪਿਛਲੇ ਲੰਬੇ ਸਮੇਂ ਤੋਂ ਇੱਕੋ ਸੀਟ ‘ਤੇ ਬੈਠੇ ਨੇ ਉਨ੍ਹਾਂ ਦੇ ਫੇਰਬਦਲ ਲਈ ਜਲਦ ਗੌਰ ਕੀਤਾ ਜਾਵੇਗਾ। ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਵਿਧਾਨ ਸਭਾ ਦੇ ਇਜਲਾਸ ਦੌਰਾਨ ਇੱਕ ਸਵਾਲ ਦਾ ਜਵਾਬ ਦਿੰਦਿਆਂ ਦੱਸਿਆ ਕਿ ਪੰਜਾਬ ਦੇ ਬਲਾਕ ਸੰਮਤੀ ਦਫਤਰਾਂ ਵਿੱਚ ਤਾਇਨਾਤ ਅਮਲੇ ਦੀਆਂ ਬਦਲੀਆਂ ਵੀ ਸਰਕਾਰ ਵੱਲੋਂ ਕੀਤੀਆਂ ਜਾਂਦੀਆਂ ਹਨ। ਦਿੱਲੀ ਸਰਕਾਰ ਵੱਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਅਤੇ ਸ਼ਹੀਦ ਭਗਤ ਸਿੰਘ ਦੀਆਂ ਤਸਵੀਰਾਂ ਹਟਾਉਣ ਦੀ ਨਿਖੇਧੀ ਕਰਨ ਵਾਲਾ ਮਤਾ ਸਰਬ-ਸੰਮਤੀ ਨਾਲ ਪਾਸ ਕਰਦਿਆਂ ਇਸਨੂੰ ਦੇਸ਼ ਦੇ ਰਾਸ਼ਟਰਪਤੀ ਕੋਲ ਭੇਜਣ ਦੀ ਵੀ ਮੰਗ ਕੀਤੀ ਗਈ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਕੇਂਦਰ ਸਰਕਾਰ ਦੀ ਖੇਤੀਬਾੜੀ

ਮਾਰਕੀਟਿੰਗ ‘ਤੇ ਰਾਸ਼ਟਰੀ ਨੀਤੀ ਢਾਂਚੇ ਦੇ ਖਰੜੇ ਦਾ ਵਿਰੋਧ ਕਰਨ ਲਈ ਮਤਾ ਵੀ ਪੇਸ਼ ਕੀਤਾ ਗਿਆ। ਪਹਿਲਾਂ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਪੀ.ਐਸ.ਈ.ਬੀ ਇੰਜੀਨੀਅਰਜ਼ ਐਸੋਸੀਏਸ਼ਨ ਵੱਲੋਂ ਲਗਾਏ ਗਏ ਕਥਿਤ ਭ੍ਰਿਸ਼ਟਾਚਾਰ ਦੇ ਦੋਸ਼ਾਂ ਬਾਰੇ ਸਰਕਾਰ ਤੋਂ ਜਵਾਬ ਮੰਗਿਆ ਕਿ ਇੱਕ ਸੱਤਾਧਾਰੀ ਪਾਰਟੀ ਦੇ ਸਿਆਸਤਦਾਨ ਨੇ, ਉਨ੍ਹਾਂ ਨੂੰ ਪਾਰਟੀ ਲਈ ਫੰਡ ਇਕੱਠਾ ਕਰਨ ਲਈ ਕਿਹਾ ਸੀ। ਇਸਦੇ ਜਵਾਬ ਵਿੱਚ, ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ,ਟੀ,ਓ ਨੇ ਦੋਸ਼ਾਂ ਤੋਂ ਇਨਕਾਰ ਕੀਤਾ। ਵਿੱਤ ਮੰਤਰੀ ਹਰਪਾਲ ਚੀਮਾ ਵੀ ਬਹਿਸ ਵਿੱਚ ਸ਼ਾਮਲ ਹੋਏ, ਉਨ੍ਹਾਂ ਕਿਹਾ ਕਿ ਪੀ.ਐਸ.ਈ.ਬੀ ਇੰਜੀਨੀਅਰਜ਼ ਐਸੋਸੀਏਸ਼ਨ ਨੇ ਕਦੇ ਵੀ ਵਿਜੀਲੈਂਸ ਬਿਊਰੋ ਨੂੰ ਰਸਮੀ ਬਿਆਨ ਨਹੀਂ ਦਿੱਤਾ, ਇਹ ਵੀ ਕਿਹਾ ਕਿ ਬਿਜਲੀ ਖੇਤਰ ਵਿੱਚ ਜਾਂਚ ਜਾਰੀ ਏ।

-----------------------------------------------------------

ਪੰਜਾਬ ਵਿੱਚ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਕਰਦਿਆਂ ਲੁਧਿਆਣਾ ਦੇ ਪਿੰਡ ਤਲਵੰਡੀ ਅਤੇ ਭਾਈ ਹਿੰਮਤ ਸਿੰਘ ਨਗਰ ਵਿੱਚ ਨਸ਼ਾ ਤਸਕਰਾਂ ਦੇ ਦੋ ਵੱਖ-ਵੱਖ ਘਰਾਂ ਨੂੰ ਜ਼ਿਲ੍ਹਾ ਪੁਲੀਸ ਵੱਲੋਂ ਬੁਲਡੋਜ਼ਰ ਨਾਲ

ਢਾਹਿਆ ਗਿਆ ਏ। ਲੁਧਿਆਣਾ ਦੇ ਪੁਲਿਸ ਕਮਿਸ਼ਨਰ ਕੁਲਦੀਪ ਸਿੰਘ ਚਾਹਲ ਨੇ ਦੱਸਿਆ ਕਿ ਦੋਵੇਂ ਮੁਲਜ਼ਮ ਅਤੇ ਉਨ੍ਹਾਂ ਦੇ ਪਰਿਵਾਰ ਵਾਲੇ ਲੰਬੇ ਸਮੇਂ ਤੋਂ ਨਸ਼ਾ ਤਸਕਰੀ ਦੇ ਧੰਦੇ ਵਿੱਚ ਸ਼ਾਮਲ ਸਨ ਅਤੇ ਇਨ੍ਹਾਂ ਖਿਲਾਫ਼ ਕਈ ਮਾਮਲੇ ਦਰਜ ਹਨ। ਉਨ੍ਹਾਂ ਨੇ ਦੱਸਿਆ ਕਿ ਦੋਵੇਂ ਜਾਇਦਾਦਾਂ ਡਰੱਗ ਮਨੀ ਨਾਲ ਬਣਾਈਆਂ ਗਈਆਂ ਸਨ ਅਤੇ ਕਾਨੂੰਨੀ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਨਸ਼ਾ ਤਸਕਰੀ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।

**BYTE:**

ਇਸ ਦੌਰਾਨ, ਪੰਜਾਬ ਦੇ ਮੁੱਖ ਸਕੱਤਰ, ਕੇ.ਏ.ਪੀ. ਸਿਨਹਾ ਨੇ ਸੂਬੇ ਭਰ ਦੇ ਡਿਪਟੀ ਕਮਿਸ਼ਨਰਾਂ ਨੂੰ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਨੇ। ਡਿਪਟੀ ਕਮਿਸ਼ਨਰਾਂ ਦੀ ਜ਼ਿੰਮੇਵਾਰੀ ਤੈਅ ਕਰਦਿਆਂ ਸ੍ਰੀ ਸਿਨਹਾ ਨੇ ਹਦਾਇਤ ਕੀਤੀ ਕਿ ਇਸ ਸਬੰਧੀ ਜੰਗੀ ਪੱਧਰ ’ਤੇ ਕਾਰਵਾਈ ਕੀਤੀ ਜਾਵੇ ਅਤੇ ਹਰੇਕ ਡਿਪਟੀ ਕਮਿਸ਼ਨਰ ਆਉਣ ਵਾਲੇ

ਦਿਨਾਂ ਵਿੱਚ ਮੁਕੰਮਲ ਪਲਾਨ ਤਿਆਰ ਕਰਨ। ਇਸ ਸਬੰਧ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਕਰਨ ਵਾਲਿਆਂ ਵਿਰੁੱਧ ਸਖ਼ਤ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ।

-----------------------------------------------------

ਪੰਜਾਬ ਵਿੱਚ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਕਰਦਿਆਂ ਲੁਧਿਆਣਾ ਦੇ ਪਿੰਡ ਤਲਵੰਡੀ ਅਤੇ ਭਾਈ ਹਿੰਮਤ ਸਿੰਘ ਨਗਰ ਵਿੱਚ ਨਸ਼ਾ ਤਸਕਰਾਂ ਦੇ ਦੋ ਵੱਖ-ਵੱਖ ਘਰਾਂ ਨੂੰ ਜ਼ਿਲ੍ਹਾ ਪੁਲੀਸ ਵੱਲੋਂ ਬੁਲਡੋਜ਼ਰ ਨਾਲ ਢਾਹਿਆ ਗਿਆ ਏ। ਲੁਧਿਆਣਾ ਦੇ ਪੁਲਿਸ ਕਮਿਸ਼ਨਰ ਕੁਲਦੀਪ ਸਿੰਘ ਚਾਹਲ ਨੇ ਦੱਸਿਆ ਕਿ ਦੋਵੇਂ ਮੁਲਜ਼ਮ ਅਤੇ ਉਨ੍ਹਾਂ ਦੇ ਪਰਿਵਾਰ ਵਾਲੇ ਲੰਬੇ ਸਮੇਂ ਤੋਂ ਨਸ਼ਾ ਤਸਕਰੀ ਦੇ ਧੰਦੇ ਵਿੱਚ ਸ਼ਾਮਲ ਸਨ ਅਤੇ ਇਨ੍ਹਾਂ ਖਿਲਾਫ਼ ਕਈ ਮਾਮਲੇ ਦਰਜ ਹਨ। ਉਨ੍ਹਾਂ ਨੇ ਦੱਸਿਆ ਕਿ ਦੋਵੇਂ ਜਾਇਦਾਦਾਂ ਡਰੱਗ ਮਨੀ ਨਾਲ ਬਣਾਈਆਂ ਗਈਆਂ ਸਨ ਅਤੇ ਕਾਨੂੰਨੀ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਨਸ਼ਾ ਤਸਕਰੀ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।BYTE: ਇਸ ਦੌਰਾਨ, ਪੰਜਾਬ ਦੇ ਮੁੱਖ ਸਕੱਤਰ, ਕੇ.ਏ.ਪੀ.

ਸਿਨਹਾ ਨੇ ਸੂਬੇ ਭਰ ਦੇ ਡਿਪਟੀ ਕਮਿਸ਼ਨਰਾਂ ਨੂੰ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਨੇ । ਡਿਪਟੀ ਕਮਿਸ਼ਨਰਾਂ ਦੀ ਜ਼ਿੰਮੇਵਾਰੀ ਤੈਅ ਕਰਦਿਆਂ ਸ੍ਰੀ ਸਿਨਹਾ ਨੇ ਹਦਾਇਤ ਕੀਤੀ ਕਿ ਇਸ ਸਬੰਧੀ ਜੰਗੀ ਪੱਧਰ ’ਤੇ ਕਾਰਵਾਈ ਕੀਤੀ ਜਾਵੇ ਅਤੇ ਹਰੇਕ ਡਿਪਟੀ ਕਮਿਸ਼ਨਰ ਆਉਣ ਵਾਲੇ ਦਿਨਾਂ ਵਿੱਚ ਮੁਕੰਮਲ ਪਲਾਨ ਤਿਆਰ ਕਰਨ। ਇਸ ਸਬੰਧ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਕਰਨ ਵਾਲਿਆਂ ਵਿਰੁੱਧ ਸਖ਼ਤ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ।

---------------------------------------------------------------

ਪੁਲਿਸ ਥਾਣਾ ਮੰਡੀ ਗੋਬਿੰਦਗੜ੍ਹ ਅਤੇ ਅਮਲੋਹ ਵਲੋਂ ਨਸ਼ੇ ਵੇਚਣ ਵਾਲਿਆਂ ਵਿਰੁੱਧ ਦਰਜ ਕੀਤੇ ਗਏ ਵੱਖ-ਵੱਖ ਮਾਮਲਿਆਂ ਵਿੱਚ 5 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਏ । ਡੀ.ਐਸ.ਪੀ ਗੁਰਦੀਪ ਸਿੰਘ ਨੇ ਦੱਸਿਆ ਕਿ ਮੰਡੀ ਗੋਬਿੰਦਗੜ੍ਹ ਵਿਖੇ ਨਸ਼ੇ ਦੀ ਡੀਲ ਕਰਦਿਆਂ ਔਰਤਾਂ ਦੀ ਇੱਕ ਸੋਸ਼ਲ ਮੀਡੀਆ ਤੇ ਵੀਡੀਓ ਵਾਇਰਲ ਹੋਈ ਸੀ, ਤੇ ਪੁਲਿਸ

ਵੱਲੋਂ ਉਹਨਾਂ ਔਰਤਾਂ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ ਏ ਤੇ ਹੁਣ ਇਹਨਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਲਿਆ ਜਾਵੇਗਾ

-------------------------------------------------

ਵਿਦੇਸ਼ਾਂ ਵਿੱਚ ਵਸਣ ਦੇ ਚਾਹਵਾਨ ਨੌਜਵਾਨਾਂ ਨੂੰ ਗੈਰ-ਕਾਨੂੰਨੀ ਟਰੈਵਲ ਏਜੰਟਾਂ ਦਾ ਸ਼ਿਕਾਰ ਹੋਣ ਤੋਂ ਬਚਾਉਣ ਲਈ, ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ 1274 ਇਮੀਗ੍ਰੇਸ਼ਨ ਫਰਮਾਂ 'ਤੇ ਛਾਪੇਮਾਰੀ ਕੀਤੀ ਅਤੇ ਤਲਾਸ਼ੀ ਮੁਹਿੰਮ ਚਲਾਈ। ਗੈਰ-ਕਾਨੂੰਨੀ ਟ੍ਰੈਵਲ ਏਜੰਟਾਂ ਵਿਰੁੱਧ ਇਹ ਆਪ੍ਰੇਸ਼ਨ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਕਲ ਦੇਰ ਸ਼ਾਮ ਤੱਕ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ। ਇਹ ਆਪ੍ਰੇਸ਼ਨ ਅਮਰੀਕਾ ਤੋਂ ਭਾਰਤੀਆਂ ਨੂੰ ਡਿਪੋਰਟ ਕੀਤੇ ਜਾਣ ਦੇ ਮੱਦੇਨਜ਼ਰ ਸੂਬੇ ਭਰ ਵਿੱਚ ਗੈਰ-ਕਾਨੂੰਨੀ ਟ੍ਰੈਵਲ ਏਜੰਟਾਂ ਵਿਰੁੱਧ ਚੱਲ ਰਹੀ ਕਾਰਵਾਈ ਦੌਰਾਨ ਚਲਇਆ ਗਿਆ ਏ । ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਡਿਫਾਲਟਰ ਟ੍ਰੈਵਲ ਏਜੰਟਾਂ ਵਿਰੁੱਧ ਘੱਟੋ-ਘੱਟ 24 ਮਾਮਲੇ ਦਰਜ ਕੀਤੇ ਨੇ ਅਤੇ ਉਨ੍ਹਾਂ ਵਿੱਚੋਂ ਸੱਤ ਟ੍ਰੈਵਲ ਏਜੰਟਾਂ ਨੂੰ ਗ੍ਰਿਫ਼ਤਾਰ ਕੀਤਾ ਏ ।ਉਨ੍ਹਾਂ

ਦੱਸਿਆ ਕਿ ਸਾਰੇ CPs ,SSPs ਨੂੰ ਉਨ੍ਹਾਂ ਟ੍ਰੈਵਲ ਏਜੰਟਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ, ਜੋ ਪੰਜਾਬ ਟ੍ਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ, 2012 ਦੇ ਲਾਜ਼ਮੀ ਉਪਬੰਧਾਂ ਅਤੇ ਪ੍ਰਕਿਰਿਆਵਾਂ ਦੀ ਉਲੰਘਣਾ ਕਰਦੇ ਹੋਣ ਜਾਂ ਜਿਨ੍ਹਾਂ ਨੇ ਵਿਦੇਸ਼ਾਂ ਵਿੱਚ ਗੈਰ-ਕਾਨੂੰਨੀ ਪ੍ਰਵੇਸ਼ ਦੀ ਸਹੂਲਤ ਦੇਣ ਦੇ ਝੂਠੇ ਵਾਅਦਿਆਂ ਨਾਲ ਭੋਲੇ-ਭਾਲੇ ਲੋਕਾਂ ਨਾਲ ਧੋਖਾ ਕੀਤਾ ਹੋਵੇ। ਲਾਇਸੰਸਸ਼ੁਦਾ ਏਜੰਟਾਂ ਨੂੰ ਆਪਣੇ ਲਾਇਸੈਂਸ ਨੂੰ ਪ੍ਰਮੁੱਖਤਾ ਨਾਲ ਪ੍ਰਦਰਸ਼ਿਤ ਕਰਨ, ਗਾਹਕਾਂ ਅਤੇ ਸੇਵਾਵਾਂ ਦੇ ਰਿਕਾਰਡ ਰੱਖਣ, ਅਤੇ ਇਸ਼ਤਿਹਾਰਬਾਜ਼ੀ ਜਾਂ ਸੈਮੀਨਾਰ ਕਰਵਾਉਣ ਤੋਂ ਪਹਿਲਾਂ, ਅਧਿਕਾਰੀਆਂ ਨੂੰ ਸੂਚਿਤ ਕਰਨ ਦੀ ਵੀ ਜ਼ਰੂਰਤ ਹੁੰਦੀ ਏ । ਇਹਨਾਂ ਨਿਯਮਾਂ ਦੀ ਪਾਲਣਾ ਨਾ ਕਰਨ ਦੇ ਨਤੀਜੇ ਵਜੋਂ ਲਾਇਸੈਂਸ ਮੁਅੱਤਲ ਜਾਂ ਰੱਦ ਕੀਤਾ ਜਾ ਸਕਦਾ ਹੈ ਅਤੇ ਕਾਨੂੰਨੀ ਕਾਰਵਾਈ ਕੀਤੀ ਜਾ ਸਕਦੀ ਏ । ਅਰਪਿਤ ਸ਼ੁਕਲਾ ਨੇ ਕਿਹਾ ਕਿ ਚਾਰ ਮੈਂਬਰੀ ਵਿਸ਼ੇਸ਼ ਜਾਂਚ ਟੀਮਦਾ ਗਠਨ ਕੀਤਾ ਗਿਆ ਏ ਜੋ ਡਿਪੋਰਟ ਕੀਤੇ ਗਏ ਵਿਅਕਤੀਆਂ ਦੀਆਂ ਸ਼ਿਕਾਇਤਾਂ ਦੀ ਜਾਂਚ ਕਰ ਰਹੀ ਏ ਤਾਂ ਜੋ ਗੈਰ-ਕਾਨੂੰਨੀ ਟ੍ਰੈਵਲ ਏਜੰਟਾਂ ਵਿਰੁੱਧ ਕਾਨੂੰਨ ਅਨੁਸਾਰ ਲੋੜੀਂਦੀ ਕਾਰਵਾਈ

ਕੀਤੀ ਜਾ ਸਕੇ। ਉਨ੍ਹਾਂ ਨਾਗਰਿਕਾਂ ਨੂੰ ਸੁਚੇਤ ਰਹਿਣ ਅਤੇ ਟ੍ਰੈਵਲ ਏਜੰਟਾਂ ਨੂੰ ਦਸਤਾਵੇਜ਼ ਅਤੇ ਪੈਸੇ ਦੇਣ ਤੋਂ ਪਹਿਲਾਂ ਉਨ੍ਹਾਂ ਦੇ ਪ੍ਰਮਾਣ ਪੱਤਰਾਂ ਦੀ ਪੁਸ਼ਟੀ ਕਰਨ ਲਈ ਕਿਹਾ । ਉਨ੍ਹਾਂ ਸਲਾਹ ਦਿੱਤੀ ਕਿ ਸਿਰਫ਼ ਉਨ੍ਹਾਂ ਏਜੰਸੀਆਂ ਨਾਲ ਸੰਪਰਕ ਕਰੋ ਜਿਨ੍ਹਾਂ ਕੋਲ ਪੰਜਾਬ ਟ੍ਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ, 2012 ਦੇ ਤਹਿਤ ਡਿਪਟੀ ਕਮਿਸ਼ਨਰ ਵੱਲੋਂ ਜਾਰੀ ਕੀਤਾ ਗਿਆ ਵੈਧ ਲਾਇਸੈਂਸ ਹੋਵੇ।

---------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਮਹਾ-ਸ਼ਿਵਰਾਤਰੀ ਤੋਂ ਇਕ ਸ਼ਾਮ ਪਹਿਲਾਂ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਆਪਣੇ ਸੰਦੇਸ਼ ਵਿੱਚ ਰਾਜਪਾਲ ਨੇ ਕਾਮਨਾ ਕੀਤੀ ਕਿ ਭਗਵਾਨ ਸ਼ਿਵ ਦੇ ਸਾਰੇ ਸ਼ਰਧਾਲੂਆਂ ਦੇ ਜੀਵਨ ਵਿੱਚ ਸ਼ਾਂਤੀ, ਖੁਸ਼ੀ ਅਤੇ ਖੁਸ਼ਹਾਲੀ ਬਣੀ ਰਹੇ। ਉਨ੍ਹਾਂ ਕਿਹਾ ਕਿ ਮਹਾਸ਼ਿਵਰਾਤਰੀ ਦਾ ਪਵਿੱਤਰ ਤਿਉਹਾਰ ਪ੍ਰਾਰਥਨਾ, ਧਿਆਨ ਅਤੇ ਚੰਗੇ ਕੰਮਾਂ ਲਈ ਨਵੀਂ ਊਰਜਾ ਪ੍ਰਾਪਤ ਕਰਨ ਦਾ ਮੌਕਾ ਏ ।

---------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦੇਸ਼ ਵਿੱਚ ਬਿਹਤਰ ਮੈਡੀਕਲ ਸਹੂਲਤਾਂ ਦੇ ਵਿਕੇਂਦਰੀਕਰਣ ਅਤੇ ਸਿਹਤ ਸੰਸਥਾਵਾਂ ਵਿੱਚ ਹੋਰ ਖੋਜ ਕਰਨ ਦਾ ਸੱਦਾ ਦਿੱਤਾ ਏ।
- ਦਿੱਲੀ ਦੀ ਇਕ ਅਦਾਲਤ ਨੇ ਸਾਲ 1984 ਦੇ ਸਿੱਖ ਵਿਰੋਧੀ ਦੰਗਿਆਂ ਨਾਲ ਸਬੰਧਤ ਕਤਲ ਮਾਮਲੇ ਵਿੱਚ ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਏ।
- ਪੰਜਾਬ ਵਿਧਾਨ ਸਭਾ ਦਾ ਦੋ ਦਿਨਾਂ ਵਿਸ਼ੇਸ਼ ਇਜਲਾਸ ਨੂੰ ਅਣਮਿਥੇ ਸਮੇਂ ਲਈ ਉਠਾ ਦਿੱਤਾ ਗਿਆ।
- ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ ਕਾਰਵਾਈ- ਮੁੱਖ ਸਕੱਤਰ ਕੇ. ਏ. ਪੀ. ਸਿਨਹਾ ਨੇ ਡਿਪਟੀ ਕਮਿਸ਼ਨਰਾਂ ਨੂੰ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਜਾਰੀ ਕੀਤੇ ਸਖ਼ਤ ਨਿਰਦੇਸ਼।
- ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ 1274 ਇਮੀਗ੍ਰੇਸ਼ਨ ਫਰਮਾਂ 'ਤੇ ਛਾਪੇਮਾਰੀ ਕੀਤੀ- 24 ਮਾਮਲੇ ਦਰਜ ਕਰਦਿਆਂ 7 ਟਰੈਵਲ ਏਜੰਟਾਂ ਨੂੰ ਕੀਤਾ ਗ੍ਰਿਫ਼ਤਾਰ।